# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 22-07-2025**

ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਸਿਹਤ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ ਲਿਖੇ ਇੱਕ ਪੱਤਰ ਵਿੱਚ, ਸ਼੍ਰੀ ਧਨਖੜ ਨੇ ਕਿਹਾ ਕਿ ਸਿਹਤ ਤਰਜੀਹਾਂ ਅਤੇ ਡਾਕਟਰੀ ਸਲਾਹ ਦੀ ਪਾਲਣਾ ਕਰਦੇ ਹੋਏ, ਉਨ੍ਹਾਂ ਨੇ ਤੁਰੰਤ ਪ੍ਰਭਾਵ ਨਾਲ ਅਸਤੀਫ਼ਾ ਦੇ ਦਿੱਤਾ ਏ । ਸ਼੍ਰੀ ਧਨਖੜ ਨੇ ਆਪਣੇ ਕਾਰਜਕਾਲ ਦੌਰਾਨ, ਨਿਰੰਤਰ ਸਮਰਥਨ ਲਈ ਰਾਸ਼ਟਰਪਤੀ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਮੰਤਰੀ ਮੰਡਲ ਦਾ ਵੀ ਧੰਨਵਾਦ ਕੀਤਾ। ਸ਼੍ਰੀ ਧਨਖੜ ਨੇ ਕਿਹਾ ਕਿ ਪ੍ਰਧਾਨ ਮੰਤਰੀ ਦਾ ਸਹਿਯੋਗ ਅਤੇ ਸਮਰਥਨ ਅਨਮੋਲ ਰਿਹਾ ਏ ਅਤੇ ਉਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਬਹੁਤ ਕੁਝ ਸਿੱਖਿਆ ਏ । ਉਨ੍ਹਾਂ ਕਿਹਾ ਕਿ ਸੰਸਦ ਮੈਂਬਰਾਂ ਤੋਂ ਮਿਲੇ ਪਿਆਰ ਅਤੇ ਵਿਸ਼ਵਾਸ ਨੂੰ ਉਹ

ਹਮੇਸ਼ਾ ਆਪਣੀ ਯਾਦ ਵਿੱਚ ਸੰਭਾਲ ਕੇ ਰੱਖਣਗੇ | ਸ਼੍ਰੀ ਧਨਖੜ ਨੇ ਕਿਹਾ ਕਿ ਉਹ ਇਸ ਮਹਾਨ ਲੋਕਤੰਤਰ ਵਿੱਚ ਉਪ ਰਾਸ਼ਟਰਪਤੀ ਵਜੋਂ ਪ੍ਰਾਪਤ ਕੀਤੇ ਅਨਮੋਲ ਤਜ਼ਰਬਿਆਂ ਅਤੇ ਸੂਝ-ਬੂਝ ਲਈ ਬਹੁਤ ਧੰਨਵਾਦੀ ਨੇ । ਸ਼੍ਰੀ ਧਨਖੜ ਨੇ ਕਿਹਾ ਕਿ ਇਸ ਸਮੇਂ ਦੌਰਾਨ ਭਾਰਤ ਦੀ ਸ਼ਾਨਦਾਰ ਆਰਥਿਕ ਤਰੱਕੀ ਅਤੇ ਬੇਮਿਸਾਲ ਵਿਕਾਸ ਨੂੰ ਦੇਖਣਾ ਅਤੇ ਇਸ ਦਾ ਹਿੱਸਾ ਬਣਨਾ  ਉਨ੍ਹਾਂ ਲਈ ਬਹੁਤ ਸੁਭਾਗ ਅਤੇ ਸੰਤੁਸ਼ਟੀ ਦੀ ਗੱਲ ਸੀ।

-----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸ੍ਰੀ ਧਨਖੜ ਦੀ ਚੰਗੀ ਸਿਹਤ ਦੀ ਕਾਮਨਾ ਕੀਤੀ ਏ, ਜਿਨ੍ਹਾਂ ਨੇ ਕੱਲ੍ਹ ਸਿਹਤ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਉਪ-ਰਾਸ਼ਟਰਪਤੀ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਸ੍ਰੀ ਧਨਖੜ ਨੂੰ ਭਾਰਤ ਦੇ ਉਪ-ਰਾਸ਼ਟਰਪਤੀ ਸਮੇਤ ਵੱਖ-ਵੱਖ ਅਹੁਦਿਆਂ 'ਤੇ ਦੇਸ਼ ਦੀ ਸੇਵਾ ਕਰਨ ਦੇ ਕਈ ਮੌਕੇ ਮਿਲੇ।

------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਪੜਾ ਸਨਅਤ,

ਬਾਗਬਾਨੀ, ਸਿੱਖਿਆ, ਖੇਡਾਂ ਦੇ ਸਮਾਨ, ਲਾਈਟ ਇੰਜੀਨੀਅਰਿੰਗ, ਸਾਈਕਲ ਮੈਨੂਫੈਕਚਰਿੰਗ, ਰੱਖਿਆ ਅਤੇ ਹੋਰ ਪ੍ਰਮੁੱਖ ਖੇਤਰਾਂ ਵਿੱਚ ਬਰਤਾਨੀਆ ਨਾਲ ਮਜ਼ਬੂਤ ਰਿਸ਼ਤਿਆਂ ਦੀ ਲੋੜ ’ਤੇ ਜ਼ੋਰ ਦਿੱਤਾ । ਬਰਤਾਨੀਆ ਡਿਪਟੀ ਹਾਈ ਕਮਿਸ਼ਨਰ ਕੈਰੋਲੀਨ ਰੋਵੈਟ ਨੇ ਕੱਲ ਮੁੱਖ ਮੰਤਰੀ ਨਾਲ ਉਨ੍ਹਾਂ ਦੀ ਸਰਕਾਰੀ ਰਿਹਾਇਸ਼ ’ਤੇ ਮੁਲਾਕਾਤ ਕੀਤੀ। ਇਸ ਦੌਰਾਨ ਪੰਜਾਬ ਅਤੇ ਬਰਤਾਨੀਆ ਵਿਚਕਾਰ ਪੁਰਾਣੇ ਸਬੰਧਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਬਰਤਾਨੀਆ ਦੇ ਅਰਥਚਾਰੇ ਵਿੱਚ ਪੰਜਾਬੀ ਭਾਈਚਾਰੇ ਦਾ ਮਹੱਤਵਪੂਰਨ ਯੋਗਦਾਨ ਏ । ਮੁੱਖ ਮੰਤਰੀ ਨੇ ਪੰਜਾਬ ਅਤੇ ਬਰਤਾਨੀਆ ਸਰਕਾਰ ਦਰਮਿਆਨ ਢਾਂਚਾਗਤ ਸੰਚਾਰ ਵਿਧੀ ਦੇ ਵਿਕਾਸ ਦੀ ਵਕਾਲਤ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਅਜਿਹੀ ਵਿਧੀ ਦੋਵਾਂ ਵਿਚਕਾਰ ਗਿਆਨ ਅਤੇ ਮੁਹਾਰਤ ਦੇ ਆਦਾਨ-ਪ੍ਰਦਾਨ ਨੂੰ ਹੋਰ ਸੁਖਾਲਾ ਬਣਾਏਗੀ ਜਿਸ ਨਾਲ ਦੋਵਾਂ ਪਾਸੇ ਵਿਕਾਸ ਤੇ ਖੁਸਹਾਲੀ ਹੋਰ ਪ੍ਰਫੁੱਲਤ ਹੋਵੇਗੀ। ਭਗਵੰਤ ਸਿੰਘ ਮਾਨ ਨੇ ਧੋਖੇਬਾਜ਼ ਵੀਜਾ ਏਜੰਟਾਂ ਵਲੋਂ ਨੌਜਵਾਨਾਂ ਦਾ ਸ਼ੋਸ਼ਣ ਕੀਤੇ ਜਾਂ ਦਾ ਮੁੱਦਾ ਬੀ ਚੁਕਿਆ । ਭਗਵੰਤ ਸਿੰਘ ਮਾਨ ਨੇ ਹਾਈ

ਕਮਿਸਨ ਵਲੋਂ ਸੁਰੱਖਿਅਤ ਅਤੇ ਕਾਨੂੰਨੀ ਰੂਟਾਂ ਬਾਰੇ ਭਰੋਸੇਯੋਗ ਜਾਣਕਾਰੀ ਪ੍ਰਦਾਨ ਕਰਨ ਬਾਰੇ 'ਵੀਜਾ ਫਰਾਡ ਤੋਂ ਬਚੋਂ' ਮੁਹਿੰਮ ਅਤੇ ਵੱਟਸਐਪ ਚੈਟਬੋਟ ਦੀ ਸੁਰੂਆਤ ਕਰਨ ਲਈ ਸ਼ਲਾਘਾ ਕੀਤੀ।

-----------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬਾ ਸਰਕਾਰ ਵੱਲੋਂ 9ਵੇਂ ਸਿੱਖ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਜਾਣ ਵਾਲੇ ਲੜੀਵਾਰ ਸਮਾਗਮਾਂ ਨੂੰ ਅੰਤਿਮ ਰੂਪ ਦਿੱਤਾ। ਕੱਲ ਚੰਡੀਗੜ੍ਹ ਵਿਚ ਸ਼ਹੀਦੀ ਦਿਹਾੜੇ ਮੌਕੇ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ ਲੈਣ ਲਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੇ ਇਤਿਹਾਸਕ ਮੌਕੇ ਸੂਬਾ ਸਰਕਾਰ ਵਿਆਪਕ ਪੱਧਰ 'ਤੇ ਯਾਦਗਾਰੀ ਸਮਾਗਮ ਕਰਵਾਏਗੀ। ਉਨ੍ਹਾਂ ਕਿਹਾ ਕਿ ਸੂਬਾ ਭਰ ਵਿੱਚ 19 ਨਵੰਬਰ ਤੋਂ 25 ਨਵੰਬਰ ਤੱਕ ਸ਼ਰਧਾ ਅਤੇ ਸਤਿਕਾਰ ਸਹਿਤ ਲੜੀਵਾਰ ਸਮਾਗਮ ਕਰਵਾਏ ਜਾਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ਸੂਬਾ ਸਰਕਾਰ ਵੱਲੋਂ ਕਰਵਾਏ ਜਾਣ ਵਾਲੇ ਸਮਾਗਮਾਂ ਦਾ ਮੁੱਖ ਕੇਂਦਰ ਹੋਵੇਗੀ।

ਉਨ੍ਹਾਂ ਕਿਹਾ ਕਿ ਨਿਹੰਗ ਸਿੰਘਾਂ ਦੁਆਰਾ ਰਵਾਇਤੀ ਜੰਗਜੂ ਕਲਾ ਗੱਤਕਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਜਾਵੇਗਾ ਅਤੇ ਯਾਦਗਾਰੀ ਸਮਾਗਮਾਂ ਦੌਰਾਨ ਸ਼ਹਿਰਾਂ ਦੀ ਸੁੰਦਰਤਾ ਅਤੇ ਸ਼ਰਧਾਲੂਆਂ ਲਈ ਵਿਸ਼ੇਸ਼ ਇੰਤਜ਼ਾਮ ਹੋਣਗੇ। ਦੇਸ਼-ਵਿਦੇਸ਼ ਤੋਂ ਆਉਣ ਵਾਲੇ ਲੱਖਾਂ ਸ਼ਰਧਾਲੂਆਂ ਦੇ ਸੁਆਗਤ ਅਤੇ ਸਹੂਲਤ ਲਈ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸ਼ੇਸ਼ ਬੰਦੋਬਸਤ ਕੀਤੇ ਜਾਣਗੇ।

----------------------------------------------------------------------

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸੂਬੇ ਦੀਆਂ ਉੱਘੀਆਂ ਸ਼ਖ਼ਸੀਅਤਾਂ ਦੀ ਸ਼ਾਨਾਮੱਤੀ ਵਿਰਾਸਤ ਦੇ ਸਨਮਾਨ ਵਜੋਂ ਪੰਜਾਬ ਸਰਕਾਰ ਨੇ 115 ਸਰਕਾਰੀ ਸਕੂਲਾਂ ਦਾ ਨਾਮ ਆਜ਼ਾਦੀ ਘੁਲਾਟੀਆਂ, ਸ਼ਹੀਦਾਂ ਅਤੇ ਕੌਮਾਂਤਰੀ ਪੱਧਰ 'ਤੇ ਨਾਮਣਾ ਖੱਟਣ ਵਾਲੀਆਂ ਸ਼ਖ਼ਸੀਅਤਾਂ ਦੇ ਨਾਮ 'ਤੇ ਰੱਖਿਆ ਏ । ਜ਼ਿਕਰਯੋਗ ਏ ਕਿ ਸਕੂਲ ਸਿੱਖਿਆ ਵਿਭਾਗ ਨੇ 18 ਜੁਲਾਈ ਨੂੰ 25 ਸਰਕਾਰੀ ਸਕੂਲਾਂ ਦਾ ਨਾਮ ਵੱਖ-ਵੱਖ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦਾਂ ਦੇ ਨਾਮ 'ਤੇ ਰੱਖਿਆ ਏ । ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਲ੍ਹ ਐਲਾਨ ਕੀਤਾ ਏ ਕਿ ਜਲੰਧਰ ਜ਼ਿਲ੍ਹੇ ਦੇ ਬਿਆਸ ਪਿੰਡ ਦੇ ਸਕੂਲ ਦਾ ਨਾਮ ਕੌਮਾਂਤਰੀ ਪੱਧਰ ਉੱਤੇ

ਨਾਮਣਾ ਖੱਟਣ ਵਾਲੇ ਉੱਘੇ ਮੈਰਾਥਨ ਦੌੜਾਕ ਫ਼ੌਜਾ ਸਿੰਘ ਦੇ ਨਾਮ ’ਤੇ ਰੱਖਿਆ ਜਾਵੇਗਾ।

---------------------------------------------------------------------

ਪੰਜਾਬ ਪੁਲਿਸ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 82 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 2 ਕਿਲੋ ਤੋਂ ਵੱਧ ਹੈਰੋਇਨ ਅਤੇ 21 ਹਜ਼ਾਰ 530 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ। ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ ਡੀ.ਜੀ.ਪੀ ਅਰਪਿਤ ਸ਼ੁਕਲਾ ਨੇ ਦੱਸਿਆ ਕਿ 180 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ 422 ਥਾਵਾਂ ’ਤੇ ਛਾਪੇਮਾਰੀ ਕੀਤੀ ਏ , ਜਿਸ ਦੌਰਾਨ 66 ਮਾਮਲੇ ਦਰਜ ਕੀਤੇ ਗਏ । ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ ਨੇ 457 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਵੀ ਕੀਤੀ ।

---------------------------------------------------------------------

ਫਤਿਹਗੜ ਚੂੜੀਆਂ ਨਜਦੀਕ ਅਲੀਵਾਲ ਜਾਂਗਲਾ ਪੁਲ ਨੇੜੇ ਨਹਿਰ ’ਚ ਨਹਾਉਂਣ ਗਏ 4 ਨੌਜਵਾਨਾਂ ਵਿਚੋਂ ਇੱਕ ਨੌਜਵਾਨ ਪਾਣੀ ਦੇ ਤੇਜ਼ ਵਹਾਅ ’ਚ ਰੁੜਿਆ ਗਿਆ, ਜਿਸ ਦੀ ਭਾਲ ਕੀਤੀ ਜਾ ਰਹੀ ਏ ।

ਸਾਡੇ ਪਤਰਕਾਰ ਨੇ ਦਸਿਆ ਏ ਕਿ ਬੀਤੇ ਕੱਲ ਪਿੰਡ ਬੋਹੜਵਾਲਾ ਵਾਸੀ ਸਾਜਨ ਮਸੀਹ ਆਪਣੇ 3 ਹੋਰ ਕਰੀਬੀਆਂ ਨਾਲ ਨਹਿਰ ਵਿਚ ਨਹਾਉਣ ਲਈ ਆਇਆ ਸੀ। ਨਹਾਉਂਦੇ ਸਮੇਂ ਸਾਜਨ ਪਾਣੀ ਦੇ ਤੇਜ ਵਹਾਅ ਨਾਲ ਰੁੜ ਗਿਆ ।ਸਬ ਇੰਸਪੈਕਟਰ ਪ੍ਰਗਟ ਸਿੰਘ ਨੇ ਦੱਸਿਆ ਕਿ ਗੋਤਾਖੋਰ ਉਸਦੀ ਭਾਲ ਕਰ ਰਹੇ ਨੇ।

------------------------------------------------------------------------

ਸਮਰਾਲਾ ਸ਼ਹਿਰ ਵਿਚ ਬੀਤੇ ਦਿਨ ਵਾਪਰੇ ਸੜਕ ਹਾਦਸੇ ਵਿੱਚ ਇੱਕ ਨੌਜਵਾਨ ਦੀ ਮੌਤ ਹੋ ਗਈ ਜਦਕਿ ਤਿੰਨ ਨੌਜਵਾਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ । ਜ਼ਖ਼ਮੀਆਂ ਨੂੰ ਸਿਵਲ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ। ਸਮਰਾਲਾ ਦੇ ਖੰਨਾ ਸੜਕ 'ਤੇ ਦੋ ਮੋਟਰਸਾਇਕਲਾਂ ਦੀ ਆਹਮੋ ਸਾਹਮਣੇ ਟੱਕਰ ਹੋ ਗਈ, ਦੋਨਾਂ ਮੋਟਰਸਾਈਕਲ ਤੇ ਦੋ-ਦੋ ਨੌਜਵਾਨ ਸਨ। ਇਕ ਨੋਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ, ਮ੍ਰਿਤਕ ਦੀ ਪਛਾਣ ਸਮਰਾਲਾ ਦੇ ਸਨੀ ਵਜੋਂ ਹੋਈ ਏ।

------------------------------------------------------------------------

ਜਲੰਧਰ, ਪਠਾਨਕੋਟ ਸਮੇਤ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆ 'ਚ ਅੱਜ ਸਵੇਰ ਤੋਂ ਭਾਰੀ ਮੀਂਹ ਪੈ ਰਿਹਾ ਏ ।ਮੀਂਹ ਕਾਰਨ ਸੜਕਾਂ 'ਤੇ ਪਾਣੀ

ਭਰ ਗਿਆ, ਜਿਸ ਨਾਲ ਆਮ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ। ਮੋਹਾਲੀ ਸਮੇਤ ਹੋਰਨਾਂ ਕਈ ਥਾਵਾਂ 'ਤੇ ਹਲਕੀ ਵਰਖਾ ਵੀ ਹੋ ਰਹੀ ਏ। ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਦੌਰਾਨ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਪੱਛਮੀ ਉੱਤਰ ਪ੍ਰਦੇਸ਼ ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ। ਮੌਸਮ ਵਿਭਾਗ ਨੇ ਅੱਜ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਵਿੱਚ ਵੀ ਭਾਰੀ ਬਾਰਿਸ਼ ਦੀ ਸੰਭਾਵਨਾ ਜਤਾਈ ਏ ।